**ਡਾਇਰੈਕਟਰ ਜਨਰਲ ਸਕੂਲ ਸਿੱਖਿਆ-ਕਮ- ਸਟੇਟ ਪ੍ਰੋਜੈਕਟ ਡਾਇਰੈਕਟਰ**
**ਐਸ.ਸੀ.ਓ. ਨੰ: 104-106, ਸੈਕਟਰ 34-ਏ, ਚੰਡੀਗੜ੍ਹ**

**ਵੱਲ:**

1. ਡਾਇਰੈਕਟਰ ਸਿੱਖਿਆ ਵਿਭਾਗ(ਸੈ.ਸਿ) ਪੰਜਾਬ, ਚੰਡੀਗੜ੍ਹ।
2. ਰਾਜ ਦੇ ਸਮੂਹ ਜਿਲ੍ਹਾ ਸਿੱਖਿਆ ਅਫਸਰ(ਸੈ.ਸਿ) ਪੰਜਾਬ।

ਮੀਮੋ ਨੰ: ਆਰ. ਐਮ.ਐਸ.ਏ/2010/34817-34837
ਮਿਤੀ, ਚੰਡੀਗੜ੍ਹ: 29-04-2010

**ਵਿਸ਼ਾ:- ਨਬਾਰਡ ਸਕੀਮ ਤਹਿਤ ਬਣਾਏ ਗਏ ਸਕੂਲਾਂ ਵਿੱਚ ਦਾਖਲਿਆਂ ਬਾਰੇ।**

ਹਵਾਲਾ:- ਇਸ ਦਫਤਰ ਦੇ ਪੱਤਰ ਨੰ: ਮੀਮੋ ਨੰ: ਆਰ. ਐਮ.ਐਸ.ਏ/2010/26565-26584 ਮਿਤੀ, 23 ਫਰਵਰੀ, 2010

1.0 ਉਪਰੋਕਤ ਵਿਸ਼ੇ ਅਤੇ ਹਵਾਲੇ ਵੱਲ ਉਚੇਚਾ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਸਮੂਹ ਜਿਲ੍ਹਾ ਸਿੱਖਿਆ ਅਫਸਰ(ਸੈ.ਸਿ) ਨੂੰ ਪਤਾ ਹੋਵੇਗਾ ਕਿ ਪੰਜਾਬ ਸਰਕਾਰ ਵੱਲੋਂ ਸੀਨੀਅਰ ਸੈਕੰਡਰੀ ਪੱਧਰ ਤੇ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਵਿਸ਼ੇਸ਼ ਉਪਰਾਲੇ ਕੀਤੇ ਹਨ। ਇਸ ਮੰਤਵ ਲਈ ਨਬਾਰਡ ਪ੍ਰੋਜੈਕਟ ਤਹਿਤ 351 ਸਕੂਲਾਂ ਦੀ ਉਸਾਰੀ ਕੀਤੀ ਗਈ ਹੈ। ਇਨ੍ਹਾਂ ਸਕੂਲਾਂ ਵਿੱਚ ਸਾਇੰਸ, ਕਾਮਰਸ, ਵੋਕੇਸ਼ਨਲ ਅਤੇ ਆਰਟਸ ਦੀਆਂ ਚਾਰੋਂ ਸਟਰੀਮਜ ਦੀ ਪੜ੍ਹਾਈ ਵਿਦਿਆਰਥੀਆਂ ਨੂੰ ਕਰਵਾਈ ਜਾਵੇਗੀ। ਸਰਕਾਰੀ ਵੱਲੋਂ ਇਨ੍ਹਾਂ ਸਕੂਲਾਂ ਲਈ ਅਧਿਆਪਕਾਂ ਦੀ ਭਰਤੀ ਦਾ ਕੰਮ ਬੜੀ ਤੇਜੀ ਨਾਲ ਚਲਾਇਆ ਜਾ ਰਿਹਾ ਹੈ। 31-03-2010 ਤੀਕ ਇਹ ਅਧਿਆਪਕ ਇਨ੍ਹਾਂ ਸਕੂਲਾਂ ਵਿੱਚ ਮੁਹੱਈਆ ਕਰਵਾ ਦਿੱਤੇ ਜਾਣਗੇ।

3.0 ਪੰਜਾਬ ਲੋਕ ਨਿਰਮਾਣ ਵਿਭਾਗ ਵੱਲੋਂ ਮਿਲੀ ਜਾਣਕਾਰੀ ਅਨੁਸਾਰ ਇਨ੍ਹਾਂ ਸਕੂਲਾਂ ਦੀ ਉਸਾਰੀ (ਕੁਝ ਸਕੂਲਾਂ ਨੂੰ ਛੱਡ ਕੇ) ਮੁਕੰਮਲ ਹੋ ਚੁੱਕੀ ਹੈ। ਸਰਕਾਰ ਵੱਲੋਂ ਮੁਹੱਈਆ ਕਰਵਾਏ ਗਏ ਇਸ ਇਨਫਰਾਸਟਰਕਚਰ ਨੂੰ ਹੁਣ ਚੰਗੀ ਤਰ੍ਹਾਂ ਵਰਤਣ ਦਾ ਸਮਾਂ ਆ ਗਿਆ ਹੈ।

4.0 ਕਿਉਂ ਕਿ ਇਹ ਨਵੇਂ ਅਕਾਦਮਿਕ ਸ਼ੈਸ਼ਨ ਦਾ ਸਮਾਂ ਹੈ, ਇਸ ਲਈ ਸਮੂਹ ਜਿਲ੍ਹਾ ਸਿੱਖਿਆ ਅਫਸਰਾਂ ਨੂੰ ਹਦਾਇਤਾਂ ਕੀਤੀਆਂ ਜਾਂਦੀਆਂ ਹਨ ਕਿ ਆਪਣੇ ਆਪਣੇ ਜਿਲ੍ਹੇ ਵਿੱਚ ਨਬਾਰਡ ਸਕੀਮ ਅਧੀਨ ਉਸਾਰੇ ਗਏ ਸਕੂਲਾਂ ਦੀਆਂ ਇਮਾਰਤਾਂ ਦਾ ਨਿਰੀਖਣ ਕਰ ਲਿਆ

ਜਾਵੇ ਅਤੇ ਜਿੱਥੇ ਕਿਤੇ ਕੋਈ ਕਮੀ ਪੇਸ਼ੀ ਹੋਵੇ ਬਾਰੇ ਤੁਰੰਤ ਇਸ ਦਫਤਰ ਨੂੰ ਦੱਸਿਆ ਜਾਵੇ। ਇਹ ਯਕੀਨੀ ਬਣਾਇਆ ਜਾਵੇ ਕਿ ਇਨ੍ਹਾਂ ਸਕੂਲਾਂ ਵਿੱਚ ਸਾਲ 2010-11 ਤੋਂ ਗਿਆਰਵੀਂ ਅਤੇ ਬਾਰਵੀਂ ਕਲਾਸ ਦੀ ਪੜ੍ਹਾਈ ਸ਼ੁਰੂ ਹੋ ਜਾਵੇ। ਇਨ੍ਹਾਂ ਸਕੂਲਾਂ ਲਈ ਅਧਿਆਪਕਾਂ ਦੀ ਤੈਨਾਤੀ ਵੱਖਰੇ ਤੌਰ ਤੇ ਕੀਤੀ ਜਾ ਰਹੀ ਹੈ। ਸੰਬੰਧਤ ਵਿਦਿਆਰਥੀ, ਮਾਂ, ਪਿਓ, ਪੀ.ਟੀ.ਏ ਅਤੇ ਸਕੂਲ ਮੈਂਬਰਾਂ ਦੇ ਰਾਹੀਂ ਇਹ ਮਾਮਲਾ ਟੇਕ ਅਪ ਕੀਤਾ ਜਾਵੇ ਤਾਂ ਜੋ ਸਰਕਾਰ ਵੱਲੋਂ ਮੁਹੱਈਆ ਕਰਵਾਏ ਇਨਫਰਾਸਟਰਕਚਰ ਦੀ ਠੀਕ ਵਰਤੋਂ ਹੋ ਸਕੇ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ

ਉਤਾਰਾ:

1. ਮੰਡਲ ਸਿੱਖਿਆ ਅਫਸਰ, ਨਾਭਾ, ਜਲੰਧਰ ਅਤੇ ਫਰੀਦਕੋਟ